# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 29-03-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਜਨਤਕ ਬੁਨਿਆਦੀ ਢਾਂਚਾ ਇੱਕ ਵੱਡੀ ਜਰੂਰਤ ਏ।
- ਸਰਕਾਰ ਨੇ ਸਾਰੇ ਵਪਾਰੀਆਂ ਤੇ ਪ੍ਰਚੂਨ ਵਿਕਰੇਤਾਵਾਂ ਨੂੰ ਸੋਮਵਾਰ ਤੋਂ ਕਣਕ ਦੇ ਸਟਾਕ ਦੀ ਸਥਿਤੀ ਦਾ ਐਲਾਨ ਕਰਨ ਦੇ ਹੁਕਮ ਦਿੱਤੇ ਨੇ।
- ਸੀਮਾ ਸੁਰੱਖਿਆ ਬਲ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਮੁਹਾਰ-ਸੋਨਾ ਨੇੜਿਓਂ ਸਾਢੇ 9 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ।
- ਗੁੱਡ ਫਰਾਈਡੇ ਮੌਕੇ ਅੱਜ ਪੰਜਾਬ ਵਿੱਚ 'ਚ ਵੀ, ਪ੍ਰਾਰਥਨਾ ਸਭਾਵਾਂ ਦਾ ਆਯੋਜਨ ਕੀਤਾ ਜਾ ਰਿਹਾ ਏ।

---------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਜਨਤਕ ਬੁਨਿਆਦੀ ਢਾਂਚਾ, ਆਪਣੇ ਆਪ ਵਿੱਚ ਇੱਕ ਵੱਡੀ ਜ਼ਰੂਰਤ ਏ ਅਤੇ ਸਰਕਾਰ, ਸਾਰੇ ਪਿੰਡਾਂ ਨੂੰ ਡਿਜੀਟਲ ਸਹੂਲਤਾਂ ਪ੍ਰਦਾਨ ਕਰ ਰਹੀ ਏ। ਬਿਲ ਗੇਟਸ ਨਾਲ ਗੱਲਬਾਤ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਤਕਨਾਲੋਜੀ, ਖੇਤੀਬਾੜੀ, ਸਿਹਤ ਅਤੇ ਸਿੱਖਿਆ ਵਿੱਚ ਵੱਡੀ ਭੂਮਿਕਾ ਨਿਭਾ ਸਕਦੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨੇ ਏਕਾਧਿਕਾਰ ਨੂੰ ਰੋਕਣ ਲਈ ਤਕਨਾਲੋਜੀ ਦਾ ਲੋਕ-ਤੰਤਰੀਕਰਨ ਕੀਤਾ ਏ। ਇਹ ਜਨਤਾ ਦੁਆਰਾ ਅਤੇ ਜਨਤਾ ਲਈ ਏ। ਸਰਕਾਰ ਵੱਖ-ਵੱਖ ਭਾਈਚਾਰਿਆਂ ਵਿੱਚ ਉੱਭਰਦੀਆਂ ਪ੍ਰਤਿਭਾਵਾਂ ਨੂੰ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਵਿੱਚ ਔਰਤਾਂ, ਨਵੀਂ ਤਕਨੀਕ ਨੂੰ ਅਪਣਾਉਣ ਲਈ ਆਜ਼ਾਦ ਨੇ। ਨਮੋ ਡਰੋਨ ਦੀਦੀ ਯੋਜਨਾ ਬਹੁਤ ਸਫਲਤਾਪੂਰਵਕ ਚੱਲ ਰਹੀ ਏ। ਇਨ੍ਹਾਂ ਯੋਜਨਾਵਾਂ ਨੇ ਔਰਤਾਂ ਦੀ ਮਾਨਸਿਕਤਾ ਨੂੰ ਬਹੁਤ ਬਦਲ ਦਿੱਤਾ ਏ। ਆਰਟੀਫਿਸ਼ਲ ਇਨਟੈਲੀਜੈਂਸ AI ਦੀ ਦੁਰਵਰਤੋਂ 'ਤੇ ਚਿੰਤਾ ਜ਼ਾਹਰ ਕਰਦੇ ਹੋਏ, ਸ਼੍ਰੀ

ਮੋਦੀ ਨੇ ਕਿਹਾ ਕਿ ਜੇਕਰ AI ਨੂੰ ਸਹੀ ਸਿਖਲਾਈ ਦੇ ਬਿਨਾਂ ਕਿਸੇ ਨੂੰ ਦਿੱਤਾ ਜਾਂਦਾ ਏ, ਤਾਂ ਇਸਦੀ ਦੁਰਵਰਤੋਂ ਹੋਣ ਦੀ ਸੰਭਾਵਨਾ ਏ। AI ਨਾਲ ਤਿਆਰ ਕੀਤੀ ਸਮਗਰੀ 'ਤੇ ਸਾਫ ਵਾਟਰ-ਮਾਰਕ ਹੋਣਾ ਚਾਹੀਦਾ ਹੈ ਤਾਂ ਕਿ ਕੋਈ ਵੀ ਗੁੰਮਰਾਹ ਨਾ ਹੋਵੇ।

---------------------------------------------------------------

ਸਰਕਾਰ ਨੇ ਕਣਕ ਦੇ ਭੰਡਾਰ ਨੂੰ ਲਾਜ਼ਮੀ ਕਰਾਰ ਦੇਣ ਦੇ ਹੁਕਮ ਦਿੱਤੇ ਨੇ। ਖਪਤਕਾਰ ਮਾਮਲਿਆਂ, ਖ਼ੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਅੱਜ ਕਿਹਾ ਕਿ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਵਪਾਰੀਆਂ, ਥੋਕ ਵਿਕਰੇਤਾ, ਪ੍ਰਚੂਨ ਵਿਕਰੇਤਾ, ਵੱਡੇ ਪ੍ਰਚੂਨ ਵਿਕਰੇਤਾ ਅਤੇ ਪ੍ਰੋਸੈਸਰਾਂ ਨੂੰ ਅਗਲੇ ਹੁਕਮਾਂ ਤੱਕ ਪਹਿਲੀ ਅਪ੍ਰੈਲ ਤੋਂ ਕਣਕ ਦੀ ਭੰਡਾਰ ਸਥਿਤੀ ਦਾ ਐਲਾਨ ਕਰਨਾ ਹੋਵੇਗਾ। ਇਹ ਫੈਸਲਾ ਸਮੁੱਚੀ ਖ਼ੁਰਾਕ ਸੁਰੱਖਿਆ ਦੇ ਪ੍ਰਬੰਧਨ ਅਤੇ ਜਮ੍ਹਾਖੋਰੀ ਅਤੇ ਬੇਈਮਾਨ ਸੱਟੇਬਾਜ਼ੀ ਨੂੰ ਰੋਕਣ ਲਈ ਲਿਆ ਗਿਆ ਏ।

---------------------------------------------------------------

ਭਾਰਤੀ ਚੋਣ ਕਮਿਸ਼ਨ ਨੇ ਚੋਣਾਂ ਵਾਲੇ ਦਿਨ ਦੀ ਕਵਰੇਜ ਕਰਨ

ਲਈ, ਡਿਊਟੀ 'ਤੇ ਤਾਇਨਾਤ ਪੰਜਾਬ ਦੇ ਮੀਡੀਆ ਕਰਮੀਆਂ ਨੂੰ ਲੋਕ ਸਭਾ ਚੋਣਾਂ 2024 ਵਿੱਚ ਪੋਸਟਲ ਬੈਲਟ ਰਾਹੀਂ ਵੋਟ ਪਾਉਣ ਦੀ ਇਜਾਜ਼ਤ ਦੇ ਦਿੱਤੀ ਏ। ਅੱਜ ਚੰਡੀਗੜ੍ਹ ਵਿਚ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਕਿ ਕਮਿਸ਼ਨ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ, ਵੋਟਿੰਗ ਵਾਲੇ ਦਿਨ ਦੀ ਕਵਰੇਜ ਲਈ ਕਮਿਸ਼ਨ ਵੱਲੋਂ ਮਾਨਤਾ ਪ੍ਰਾਪਤ ਮੀਡੀਆ ਕਰਮੀਆਂ ਅਤੇ ਸੂਬਾ ਸਰਕਾਰ ਦੇ ਹੋਰ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਲੋਕ ਨੁਮਾਇੰਦਗੀ ਐਕਟ, 1951 ਦੀ ਧਾਰਾ 60-C ਦੇ ਤਹਿਤ ਪੋਸਟਲ ਬੈਲਟ ਰਾਹੀਂ ਵੋਟ ਪਾ ਸਕਦੇ ਨੇ। ਸਿਬਿਨ ਸੀ ਨੇ ਦੱਸਿਆ ਕਿ ਨੋਟੀਫਿਕੇਸ਼ਨ ਮੁਤਾਬਕ, ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਸਰਕਾਰ ਦੇ 6 ਸਰਕਾਰੀ ਵਿਭਾਗਾਂ ਦੇ ਸਟਾਫ ਦੇ ਨਾਲ ਨਾਲ, ਕਮਿਸ਼ਨ ਵੱਲੋਂ ਮਾਨਤਾ ਪ੍ਰਾਪਤ ਪੱਤਰਕਾਰਾਂ ਨੂੰ ਪੋਸਟਲ ਬੈਲਟ ਰਾਹੀਂ ਵੋਟ ਪਾਉਣ ਵਾਸਤੇ ਨੋਟੀਫਾਈ ਕੀਤਾ ਏ, ਜਿਹੜੇ ਕਿ ਵੋਟਿੰਗ ਵਾਲੇ ਦਿਨ ਦੀ ਕਵਰੇਜ ਲਈ ਜ਼ਰੂਰੀ ਸੇਵਾ ਕਰਮਚਾਰੀਆਂ ਵਜੋਂ ਰੁੱਝੇ ਹੋਣਗੇ। ਉਨ੍ਹਾਂ ਦੱਸਿਆ ਕਿ ਪੋਸਟਲ ਬੈਲਟ ਰਾਹੀਂ ਵੋਟਾਂ ਪਾਉਣ ਵਾਲਿਆਂ ਵਿੱਚ

ਸਥਾਨਕ ਸਰਕਾਰਾਂ ਵਿਭਾਗ, ਟਰਾਂਸਪੋਰਟ ਵਿਭਾਗ, ਜੇਲ੍ਹ ਵਿਭਾਗ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਬਿਜਲੀ ਵਿਭਾਗ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਤੇ ਪੈਰਾ-ਮੈਡੀਕਲ ਸਟਾਫ਼ ਵੋਟਾਂ ਵਾਲੇ ਦਿਨ ਕੰਮ ਕਰ ਰਿਹਾ, ਡਿਊਟੀ 'ਤੇ ਤਾਇਨਾਤ ਸਟਾਫ ਸ਼ਾਮਿਲ ਏ । ਉਨ੍ਹਾਂ ਕਿਹਾ ਕਿ ਇਸ ਸੁਵਿਧਾ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਕੋਈ ਵੀ ਵਿਅਕਤੀ ਆਪਣੀ ਡਿਊਟੀ ਦੇ ਫਰਜ਼ ਕਾਰਨ ਵੋਟ ਪਾਉਣ ਤੋਂ ਵਾਂਞਾ ਨਾ ਰਹੇ ।

---------------------------------------------------------

ਮਾਲੇਰਕੋਟਲਾ ਜ਼ਿਲ੍ਹਾ ਚੋਣ ਅਫ਼ਸਰ ਡਾ. ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤੇ ਲੋਕ ਸਭਾ ਚੋਣਾਂ-2024 ਵਿੱਚ ਨੌਜਵਾਨ ਵੋਟਰਾਂ ਦੀ ਸ਼ਮੂਲੀਅਤ ਨੂੰ ਹੋਰ ਵਧਾਉਣ ਅਤੇ ਯਕੀਨੀ ਬਣਾਉਣ ਲਈ ਸਵੀਪ ਗਤੀਵਿਧੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਨੇ । ਇਸੇ ਲੜੀ ਤਹਿਤ ਅੱਜ ਕੇ.ਐਮ.ਆਰ.ਡੀ ਜੈਨ ਕਾਲਜ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਚੋਣ ਕਮਿਸ਼ਨ ਵਲੋਂ ਤਿਆਰ ਕੀਤੀਆਂ ਡਿਜ਼ਿਟਲ ਐਪੀਲੇਕਸਨਾਂ ਆਪੋ-ਆਪਣੇ ਮੋਬਾਇਲ ਫੋਨਾਂ ਤੇ ਡਾਊਨ ਲੋਡ ਕੀਤੀਆਂ । ਕਾਲਜ ਦੇ ਨੋਡਲ ਅਫ਼ਸਰ

ਡਾ. ਪਾਰੁਲ ਰਾਏਜ਼ਾਦਾ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵਲੋਂ ਵੋਟਰਾਂ ਦੀ ਸਹੂਲਤ ਲਈ ਹੈਲਪਲਾਈਨ ਐਪ, ਸੀ-ਵਿਜਿਲ ਐਪ, ਕੇ.ਵਾਈ.ਸੀ. ਐਪ ਅਤੇ ਸਕਸ਼ਮ ਐਪ ਨੂੰ ਤਿਆਰ ਕੀਤਾ ਗਿਆ ਏ, ਜਿਹਨਾਂ ਦੀ ਵਰਤੋਂ ਕਰਕੇ ਵੋਟਰ ਘਰ ਬੈਠੇ ਹੀ ਚੋਣਾਂ ਸਬੰਧੀ ਸਾਰੀ ਲੋੜੀਂਦੀ ਜਾਣਕਾਰੀ ਹਾਸਿਲ ਕਰ ਸਕਦੇ ਨੇ।

-----------------------------------------------------

ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹੇ ’ਚ ਵੀ ਸਵੀਪ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ। ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ, ਕਾਲਜਾਂ, ਆਈਲੈਟਸ ਕੇਂਦਰਾਂ ਅਤੇ ਹੋਰ ਜਨਤਕ ਥਾਵਾਂ ਉੱਤੇ ਜਾ ਕੇ ਟੀਮਾਂ ਵੱਲੋਂ ਲੋਕਾਂ ਨੂੰ ਆਪਣੇ ਚੋਣ ਦੀ ਸੁਚੱਜੀ ਵਰਤੋਂ ਕਰਨ ਲਈ ਨੌਜਵਾਨਾਂ ਵੱਲੋਂ ਗੀਤ, ਜਾਗੋ, ਗਿੱਧੇ ਅਤੇ ਹੋਰ ਪੇਸ਼ਕਾਰੀਆਂ ਰਾਹੀਂ ਵੋਟਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ, ਜਿਸਦੇ ਤਹਿਤ ਕੁੜੀਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਵੱਖ ਵੱਖ ਰੰਗਾਂ ਦੇ ਕੱਪੜੇ ਪਾ ਕੇ ਸਲੋਗਨਾਂ ਦੀ ਮਦਦ ਨਾਲ ਵੋਟਰਾਂ ਨੂੰ ਵੋਟ ਦੀ ਮਹੱਤਤਾ

ਬਾਰੇ ਜਾਣੂ ਕਰਵਾਇਆ। ਜਦਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੈਣੀ ਮਹਿਰਾਜ ਦੀਆਂ ਵਿਦਿਆਰਥਣਾਂ ਨੇ ਵਿਸ਼ੇਸ਼ ਜਾਗੋ ਤਿਆਰ ਕਰਕੇ ਵੋਟਰਾਂ ਨੂੰ ਜਾਗਰੂਕ ਹੋ ਕੇ ਆਪਣੇ ਵੋਟ ਦਾ ਅਧਿਕਾਰ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਦਰਸ਼ ਚੋਣ ਜਾਬਤੇ ਦੀ ਉਲੰਘਣਾਂ ਸਬੰਧੀ ਕੋਈ ਵੀ ਸ਼ਿਕਾਇਤ ਚੋਣ ਕਮਿਸ਼ਨ ਦੀ ਸੀ- ਵਿਜਿਲ ਐੱਪ ਉੱਤੇ ਕਰ ਸਕਦੇ ਨੇ।

---------------------------------------------------------------

ਲੋਕ ਸਭਾ ਚੋਣਾਂ ਦੇ ਚਲਦਿਆਂ ਸ਼ਰਾਬ ਦੀ ਵਰਤੋਂ ਰੋਕਣ ਲਈ ਆਬਕਾਰੀ ਵਿਭਾਗ ਅਤੇ ਪੁਲਿਸ ਵਲੋਂ ਛਾਪੇਮਾਰੀ ਕਰਕੇ ਲਗਾਤਾਰ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਜਾ ਰਹੀ ਏ। ਬੀਤੇ ਦਿਨ ਵੀ ਪੁਲਿਸ ਅਤੇ ਆਬਕਾਰੀ ਵਿਭਾਗ ਦੇ ਸਾਂਝੇ ਆਪਰੇਸ਼ਨ ਦੌਰਾਨ ਬਿਆਸ ਦਰਿਆ ਕਿਨਾਰੇ ਮੰਡ ਖੇਤਰ ਤੋਂ 1600 ਲੀਟਰ ਲਾਹਣ ਬਰਾਮਦ ਕੀਤੀ ਏ। ਆਬਕਾਰੀ ਇੰਸਪੈਕਟਰ ਅਨਿਲ ਕੁਮਾਰ ਨੇ ਦੱਸਿਆ ਕਿ ਸਰਕੰਡਿਆ ਵਿੱਚ ਜ਼ਮੀਨ ਦੋਜ ਟੋਇਆਂ ਵਿੱਚ ਰੱਖੀਆਂ ਹੋਈਆਂ 8 ਤਰਪਾਲਾਂ ਪਲਾਸਟਿਕ ਬਰਾਮਦ ਹੋਈਆਂ ਜਿਨਾਂ ਵਿੱਚੋ 1600 ਲੀਟਰ ਲਾਹਣ

ਬਰਾਮਦ ਕੀਤੀ। ਇਸ ਸਬੰਧ ਵਿੱਚ ਅਣਪਛਾਤੇ ਵਿਅਕਤੀਆ ਖਿਲਾਫ ਮੁਕਦਮਾ ਦਰਜ ਕਰ ਲਿਆ ਗਿਆ ਏ।

---------------------------------------------------------------------

ਸੀਮਾ ਸੁਰੱਖਿਆ ਬਲ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਮਹਾਰ-ਸੋਨਾ ਨੇੜਿਓਂ ਸਾਢੇ 9 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਮਿਲੀ ਜਾਣਕਾਰੀ ਮੁਤਾਬਿਕ ਅੱਜ ਸਵੇਰੇ BSF ਗਸ਼ਤ ਦਲ ਨੇ ਜ਼ੀਰੋ ਲਾਈਨ 'ਤੇ ਸ਼ੱਕੀ ਮਨੁੱਖੀ ਪੈਰਾਂ ਦੇ ਨਿਸ਼ਾਨ ਦੇਖੇ। ਇਸ ਤੋਂ ਬਾਅਦ, ਬੀ.ਐਸ.ਐਫ ਜਵਾਨਾਂ ਨੇ ਇੱਕ ਵਿਆਪਕ ਖੋਜ ਮੁਹਿੰਮ ਸ਼ੁਰੂ ਕੀਤੀ, ਜਿਸ ਦੌਰਾਨ ਹੈਰੋਇਨ ਦੇ 9 ਪੈਕੇਟ ਬਰਾਮਦ ਕੀਤੇ ਗਏ ਜਿਸਦਾ ਵਜ਼ਨ ਲਗਭਗ ਸਾਢੇ 9 ਕਿਲੋਗ੍ਰਾਮ ਪਾਇਆ ਗਿਆ। ਹੈਰੋਇਨ ਨੂੰ ਕਾਲੇ ਰੰਗ ਦੀਆਂ ਜੁਰਾਬਾਂ ਵਿੱਚ ਵੱਖਰੇ ਤੌਰ 'ਤੇ ਭਰਿਆ ਹੋਇਆ ਸੀ। ਇਸ ਬਰਾਮਦਗੀ ਨਾਲ ਚੌਕਸ BSF ਜਵਾਨਾਂ ਨੇ ਇੱਕ ਵਾਰ ਫਿਰ ਪਾਕਿਸਤਾਨੀ ਤਸਕਰਾਂ ਵੱਲੋਂ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਦੀ ਨਾਪਾਕ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਏ।

----------------------------------------------------

ਪ੍ਰਭੂ ਯਿਸ਼ੂ ਮਸੀਹ ਨੂੰ ਸਲੀਬ 'ਤੇ ਚੜ੍ਹਾਏ ਜਾਣ ਦੀ ਯਾਦ ਵਿਚ ਅੱਜ ਪੂਰੀ ਦੁਨੀਆ 'ਚ ਗੁੱਡ ਫਰਾਈਡੇ ਮਨਾਇਆ ਜਾ ਰਿਹਾ ਏ। ਇਸ ਦਿਨ ਪ੍ਰਭੂ ਯਿਸ਼ੂ ਮਸੀਹ ਨੇ ਸਾਰਿਆਂ ਵਾਸਤੇ ਪਿਆਰ ਅਤੇ ਮਨੁੱਖਤਾ ਦੇ ਪਾਪਾਂ ਲਈ ਦੁੱਖ ਝੱਲਦੇ ਹੋਏ ਆਪਣੀ ਜਾਨ ਕੁਰਬਾਨ ਕੀਤੀ। ਇਹ ਈਸਟਰ ਐਤਵਾਰ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਮਨਾਇਆ ਜਾਂਦਾ ਏ, ਜੋ ਯਿਸ਼ੂ ਮਸੀਹ ਦੇ ਜੀ-ਉੱਠਣ ਦਾ ਦਿਨ ਏ। ਗਿਰਜਾਘਰਾਂ ਵਿੱਚ ਪ੍ਰਾਰਥਨਾ ਸਭਾਵਾਂ ਹੋ ਰਹੀਆਂ ਨੇ। ਇਸਨੂੰ ਹੋਲੀ ਫਰਾਈ-ਡੇ, ਗ੍ਰੇਟ ਫਰਾਈ-ਡੇ, ਬਲੈਕ ਫਰਾਈ-ਡੇ ਅਤੇ ਈਸਟਰ ਫਰਾਈ-ਡੇ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਏ। ਈਸਟਰ ਦਾ ਤਿਓਹਾਰ ਅਗਲੇ ਐਤਵਾਰ 30 ਮਾਰਚ ਨੂੰ ਮਨਾਇਆ ਜਾਵੇਗਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁੱਡ ਫਰਾਈਡੇ ਦੇ ਮੌਕੇ 'ਤੇ ਪ੍ਰਭੂ ਯਿਸੂ ਮਸੀਹ ਦੇ ਬਲੀਦਾਨ ਨੂੰ ਯਾਦ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਅੱਜ, ਗੁੱਡ ਫਰਾਈਡੇ 'ਤੇ, ਅਸੀਂ ਯਿਸੂ ਮਸੀਹ

ਦੇ ਬਲੀਦਾਨ ਨੂੰ ਯਾਦ ਕਰਦੇ ਹਾਂ। ਉਨ੍ਹਾਂ ਉਮੀਦ ਜਤਾਈ ਕਿ ਇਸ ਨਾਲ ਸਾਰਿਆਂ ਨੂੰ ਹਮਦਰਦੀ ਅਤੇ ਮੁਆਫੀ ਬਾਰੇ ਪ੍ਰੇਰਨਾ ਮਿਲੇਗੀ।

-------------------------------------------------------

ਇਸ ਮੌਕੇ ਗੁਰਦਾਸਪੁਰ ਜ਼ਿਲ੍ਹੇ ਦੇ ਧਾਰੀਵਾਲ ਤੋਂ ਸੰਤਨੀ ਤਰੇਜ਼ਾ ਕੈਥੋਲਿਕ ਚਰਚ ਧਾਰੀਵਾਲ ਸੋਹਲ ਦੇ ਪੈਰਿਸ ਪ੍ਰੀਸਟ ਤੇ ਡੀਂਨ ਫਾਦਰ ਜੋਸ਼ ਪਡਿਆਟੀ ਦੀ ਅਗਵਾਈ ਵਿੱਚ ਡਡਵਾਂ ਚਰਚ ਤੋਂ ਦੁੱਖ ਭੋਗ ਯਾਤਰਾ ਕੱਢੀ ਗਈ।ਯਾਤਰਾ ਦੇ ਵਿੱਚ ਕੈਥੋਲਿਕ ਚਰਚ ਨਾਲ ਸੰਬੰਧਿਤ ਸੰਗਤਾਂ ਨੇ ਵੱਧ ਚੜ ਕੇ ਸ਼ਮੂਲੀਅਤ ਕੀਤੀ। ਯਾਤਰਾ ਦੌਰਾਨ ਪ੍ਰਭੂ ਯਿਸੂ ਮਸੀਹ ਦੇ ਸਲੀਬ ਤੇ ਚਾੜੇ ਜਾਣ ਦੌਰਾਨ ਪ੍ਰਭੂ ਯਿਸੂ ਨੂੰ ਜਿਹੜੀਆਂ 14 ਦੁਖਾਂ ਦੀਆਂ ਘੜੀਆਂ ਵਿੱਚੋਂ ਲੰਘਣਾ ਪਿਆ ਸੀ, ਉਹਨਾਂ ਨੂੰ ਲਾਈਵ ਦਰਸਾਇਆ ਗਿਆ।ਕੌਂਸਲ ਦੇ ਪ੍ਰਧਾਨ ਤੇ ਕੋਆਰਡੀਨੇਟਰ ਰਕੇਸ਼ ਵਿਲੀਅਮ, ਨੇ ਕਿਹਾ ਕੇ ਅੱਜ ਪੂਰੇ ਦੇਸ਼ ਵਿੱਚ ਗੁਡ ਫਰਾਈ ਡੇ ਮਨਾਇਆ ਜਾ ਰਿਹਾ ਏ, ਉਨ੍ਹਾਂ ਕਿਹਾ ਕਿ ਪ੍ਰਭੂ ਯਸੂ ਮਸੀਹ ਨੇ ਮੁਨੁਖੱਤਾ ਦੀ ਭਲਾਈ ਵਾਸਤੇ ਕੁਰਬਾਨੀ ਦਿੱਤੀ ਸੀ, ਜੋ ਸਾਨੂੰ ਸਾਰਿਆਂ ਨੂੰ, ਦੁੱਖਾਂ

ਤਕਲੀਫ਼ਾਂ ਨੂੰ ਭੁੱਲਾ ਕੇ ਆਪਣੇ ਪਰਿਵਾਰ ਅਤੇ ਸਮਾਜ ਵਾਸਤੇ ਕੰਮ ਕਰਨ ਦੀ ਪ੍ਰੇਰਨਾ ਦਿੰਦੀ ਏ।

------------------------------------------------------------

ਮੁਹਾਲੀ ਦੀ ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਪੰਜਾਬ ਸਕੂਲ ਸਿਖਿਆ ਬੋਰਡ ਵੱਲੋਂ 30 ਮਾਰਚ ਨੂੰ ਸਵੇਰੇ 10 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਬੋਰਡ ਵੱਲੋਂ ਸਥਾਪਿਤ 45 ਪ੍ਰੀਖਿਆ ਕੇਂਦਰਾਂ ’ਚ ਨਿਰਵਿਘਨ ਪ੍ਰੀਖਿਆਵਾਂ ਦੇ ਸੰਚਾਲਨ ਨੂੰ ਮੁੱਖ ਰੱਖਦਿਆਂ, ਇਨ੍ਹਾਂ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ’ਚ 5 ਜਾਂ ਵਧੇਰੇ ਵਿਅਕਤੀਆਂ ਦੇ ਇਕੱਠੇ ਹੋਣ ’ਤੇ ਪਾਬੰਦੀ ਦੇ ਹੁਕਮ ਲਗਾ ਦਿੱਤੇ ਨੇ। ਫੌਜਦਾਰੀ ਜ਼ਾਬਤਾ ਦੀ ਧਾਰਾ 144 ਅਧੀਨ ਜਾਰੀ ਇਹ ਹੁਕਮ, ਡਿਊਟੀ ’ਤੇ ਤਾਇਨਾਤ ਸਰਕਾਰੀ ਅਮਲੇ ਅਤੇ ਪ੍ਰੀਖਿਆ ਦੇ ਰਹੇ ਵਿਦਿਆਰਥੀਆਂ ’ਤੇ ਲਾਗੂ ਨਹੀਂ ਹੋਵੇਗਾ। ਉਨ੍ਹਾਂ ਨੇ ਜ਼ਿਲ੍ਹਾ ਪੁਲਿਸ ਨੂੰ ਇਨ੍ਹਾਂ ਪ੍ਰੀਖਿਆ ਕੇਂਦਰਾਂ ਦੇ ਦੁਆਲੇ ਅਣ-ਅਧਿਕਾਰਿਤ ਦਾਖਲੇ ਨੂੰ ਰੋਕਣ ਅਤੇ ਟ੍ਰੈਫ਼ਿਕ ਦੇ ਪੁਖਤਾ ਪ੍ਰਬੰਧ ਕਰਨ ਲਈ ਵੀ ਆਖਿਆ ਏ।

------------------------------------------------------------

ਦੂਰਸੰਚਾਰ ਵਿਭਾਗ ਨੇ ਨਾਗਰਿਕਾਂ ਲਈ ਇੱਕ ਦਿਸ਼ਾ-ਨਿਰਦੇਸ਼ ਜਾਰੀ ਕੀਤਾ ਏ, ਕਿ ਲੋਕਾਂ ਨੂੰ ਅਜਿਹੀਆਂ ਕਾਲਾਂ ਆ ਰਹੀਆਂ ਨੇ, ਜਿਸ ਵਿੱਚ ਦੂਰਸੰਚਾਰ ਵਿਭਾਗ ਦੇ ਨਾਮ 'ਤੇ ਕਾਲ ਕਰਨ ਵਾਲੇ ਧਮਕੀ ਦੇ ਰਹੇ ਨੇ ਕਿ ਉਨ੍ਹਾਂ ਦੇ ਸਾਰੇ ਮੋਬਾਈਲ ਨੰਬਰ ਬੰਦ ਕਰ ਦਿੱਤੇ ਜਾਣਗੇ ਜਾਂ ਉਨ੍ਹਾਂ ਦੇ ਮੋਬਾਈਲ ਨੰਬਰ ਦੀ ਕਿਸੇ ਗੈਰ ਕਾਨੂੰਨੀ ਗਤੀਵਿਧੀਆਂ ਲਈ ਦੁਰਵਰਤੋਂ ਕੀਤੀ ਜਾ ਰਹੀ ਏ। ਦੂਰਸੰਚਾਰ ਵਿਭਾਗ ਨੇ ਕਿਹਾ ਏ ਕਿ ਵਿਭਾਗ ਵੱਲੋਂ ਅਜਿਹੀਆਂ ਕਾਲਾਂ ਨਹੀਂ ਕੀਤੀਆਂ ਜਾਂਦੀਆਂ ਅਤੇ ਇਸ ਲਈ ਲੋਕਾਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ ਏ । ਵਿਭਾਗ ਨੇ ਅਜਿਹੀਆਂ ਕਾਲਾਂ ਆਉਣ ਦੀ ਸਥਿਤੀ ਵਿੱਚ ਕੋਈ ਵੀ ਜਾਣਕਾਰੀ ਸਾਂਝੀ ਨਾ ਕਰਨ ਲਈ ਕਿਹਾ ਏ । ਦੂਰਸੰਚਾਰ ਵਿਭਾਗ ਨੇ ਨਾਗਰਿਕਾਂ ਨੂੰ ਸਲਾਹ ਦਿੱਤੀ ਏ ਕਿ ਉਹ, ਅਜਿਹੀ ਕਿਸੇ ਵੀ ਧੋਖਾਧੜੀ ਦੀ ਸੂਚਨਾ ਪੋਰਟਲ ''ਸੰਚਾਰ ਸਾਥੀ'' ਪੋਰਟਲ ''ਸੰਚਾਰ ਸਾਥੀ.gov.in 'ਤੇ ਦੇਣ । ਇਸ ਤੋਂ ਇਲਾਵਾ ਵਿਭਾਗ ਨੇ ਸਾਈਬਰ ਅਪਰਾਧ ਜਾਂ ਵਿੱਤੀ ਧੋਖਾਧੜੀ ਦਾ ਸ਼ਿਕਾਰ ਹੋਣ ਦੀ ਸੂਰਤ ਵਿੱਚ ਹੈਲਪਲਾਈਨ

ਨੰਬਰ 1930 ਜਾਂ cybercrime.gov.in 'ਤੇ ਰਿਪੋਰਟ ਕਰਨ ਦੀ ਸਲਾਹ ਵੀ ਦਿੱਤੀ ਏ।

---------------------------------------------------------------

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਜਨਤਕ ਬੁਨਿਆਦੀ ਢਾਂਚਾ ਇੱਕ ਵੱਡੀ ਜਰੂਰਤ ਏ।
- ਸਰਕਾਰ ਨੇ ਸਾਰੇ ਵਪਾਰੀਆਂ ਤੇ ਪ੍ਰਚੂਨ ਵਿਕਰੇਤਾਵਾਂ ਨੂੰ ਸੋਮਵਾਰ ਤੋਂ ਕਣਕ ਦੇ ਸਟਾਕ ਦੀ ਸਥਿਤੀ ਦਾ ਐਲਾਨ ਕਰਨ ਦੇ ਹੁਕਮ ਦਿੱਤੇ ਨੇ।
- ਸੀਮਾ ਸੁਰੱਖਿਆ ਬਲ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਮੁਹਾਰ-ਸੋਨਾ ਨੇੜਿਓਂ ਸਾਢੇ 9 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ।
- ਗੁੱਡ ਫਰਾਈਡੇ ਮੌਕੇ ਅੱਜ ਪੰਜਾਬ ਵਿੱਚ 'ਚ ਵੀ, ਪ੍ਰਾਰਥਨਾ ਸਭਾਵਾਂ ਦਾ ਆਯੋਜਨ ਕੀਤਾ ਜਾ ਰਿਹਾ ਏ।